



ਨਵਾਂਸ਼ਹਿਰ ਦੇ ਬੰਗਾ ਰੋਡ ਸ਼ੂਗਰ ਮਿੱਲ ਦੇ ਪਿੱਛੇ ਮਾਂ ਛੱਠ ਪੂਜਾ ਵਿਚ ਹਿੱਸਾ ਲੈਂਦੇ ਹੋਏ ਵੱਖ-ਵੱਖ ਤਸਵੀਰਾਂ। ਤਸਵੀਰਾਂ : ਹਰਮਿੰਦਰ ਸਿੰਘ ਪਿੰਟੂ



ਗੁ: ਨਾਭ ਕੰਵਲ ਰਾਜਾ ਸਾਹਿਬ ਜੀ ਦੇ ਅਸਥਾਨ ਪਿੰਡ ਸੁੱਜੋਂ ਵਿਖੇ ਹੋਏ ਛਿੰਝ ਮੇਲੇ ਦੌਰਾਨ ਪਹਿਲਵਾਨ ਮਿਰਜ਼ਾ ਇਰਾਨੀ ਤੇ ਭੁਪਿੰਦਰ ਅਜਨਾਲਾ ਵਿਚਕਾਰ ਹੱਥ ਜੋੜੀ ਕਰਵਾਉਂਦੇ ਹੋਏ ਪ੍ਰਧਾਨ ਬਲਵੀਰ ਸਿੰਘ ਕੈਨੇਡਾ, ਸੁਰਜੀਤ ਸਿੰਘ ਦਾਨੀ ਯੂ. ਐਸ. ਏ., ਅੰਮ੍ਰਿਤਪਾਲ ਕੌਰ ਸਰਪੰਚ, ਤਰਨਜੀਤ ਸਿੰਘ ਸਾਬਕਾ ਸਰਪੰਚ, ਤਰਸੇਮ ਸਿੰਘ ਕੈਨੇਡਾ, ਪਰਮਜੀਤ ਸਿੰਘ ਦਾਨੀ ਨੰਬਰਦਾਰ, ਜੋਗਾ ਸਿੰਘ ਕੈਨੇਡਾ, ਬਲਵੀਰ ਸਿੰਘ ਕੈਨੇਡਾ, ਨਰੇਸ਼ ਕੁਮਾਰ ਰੀਡਰ, ਮਝੈਲ ਸਿੰਘ ਬੈਰਾਗੀ, ਗੁਰਦੇਵ ਸਿੰਘ ਚੌਹੜ, ਮੋਹਨ ਸਿੰਘ ਪੰਚ, ਹਰਦੇਵ ਸਿੰਘ ਰਾਜਪੂਤ, ਅੰਮ੍ਰਿਤਪਾਲ ਕੌਰ, ਕਮਲਜੀਤ ਕੌਰ, ਪਰਮਜੀਤ ਕੌਰ, ਕੁਲਦੀਪ ਕੌਰ ਆਦਿ। ਤਸਵੀਰ : ਕੁਲਦੀਪ ਸਿੰਘ ਪਾਬਲਾ

## ਨਵਾਂਸ਼ਹਿਰ 'ਚ ਮਾਂ ਛੱਠ ਪੂਜਾ ਦਾ ਤਿਉਹਾਰ ਸ਼ਰਧਾ ਨਾਲ ਮਨਾਇਆ

ਨਵਾਂਸ਼ਹਿਰ, 28 ਅਕਤੂਬਰ (ਹਰਮਿੰਦਰ ਸਿੰਘ ਪਿੰਟੂ)-ਮਾਂ ਛੱਠ ਪੂਜਾ ਉਤਸਵ ਕਮੇਟੀ ਨਵਾਂਸ਼ਹਿਰ ਵਲੋਂ ਨਵਾਂਸ਼ਹਿਰ-ਬੰਗਾ ਰੋਡ ਸ਼ੂਗਰ ਮਿੱਲ੍ਹ ਦੇ ਪਿੱਛੇ ਮਾਂ ਛੱਠ ਪੂਜਾ ਦਾ ਤਿਉਹਾਰ ਸ਼ਰਧਾ ਨਾਲ ਮਨਾਇਆ ਗਿਆ। ਕਮੇਟੀ ਦੇ ਪ੍ਰਧਾਨ ਭਰਤ ਨੇ ਦੱਸਿਆ ਇਸ ਸ਼ੁੱਭ ਮੌਕੇ ਔਰਤਾਂ ਆਪਣੇ ਪਤੀਆਂ ਬੱਚਿਆਂ ਤੇ ਪਰਿਵਾਰਕ ਮੈਂਬਰਾਂ ਨਾਲ ਰਲ ਕੇ ਛੱਠ ਮਾਤਾ ਦੀ ਪੂਜਾ ਕਰਦੀਆਂ ਹਨ ਅਤੇ 36 ਘੰਟੇ ਦਾ ਵਰਤ ਰੱਖਦੀਆਂ ਹਨ। ਇਸ ਮੌਕੇ ਔਰਤਾਂ ਵਲੋਂ ਆਪਣੇ ਪਰਿਵਾਰ ਤੇ ਬੱਚਿਆਂ ਦੀ ਲੰਮੀ ਉਮਰ ਦੀ ਕਾਮਨਾ ਕੀਤੀ ਜਾਂਦੀ ਹੈ ਅਤੇ ਪਾਣੀ ਵਿਚ ਖੜ੍ਹੇ ਹੋ ਕੇ ਸੂਰਜ ਦੇਵਤਾ ਨੂੰ ਨਮਨ ਕੀਤਾ ਜਾਂਦਾ ਹੈ। ਇਸ ਮੌਕੇ ਬੈਂਡ ਵਾਜਿਆਂ ਦੇ ਨਾਲ ਪਰਿਵਾਰਕ ਮੈਂਬਰ ਇਸ ਛੱਠ ਪੂਜਾ 'ਚ ਸ਼ਾਮਿਲ ਹੋਏ। ਇਸ ਮੌਕੇ ਛੱਠ ਪੂਜਾ ਉਤਸਵ ਕਮੇਟੀ ਵਲੋਂ ਜਿਥੇ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਸਨ ਉਥੇ ਲੰਗਰ ਦੇ ਵੀ ਪ੍ਰਬੰਧ ਕੀਤੇ ਗਏ ਸਨ। ਵੱਡੀ ਗਿਣਤੀ ਵਿਚ ਪ੍ਰਵਾਸੀਆਂ ਨੇ ਮਾਂ ਛੱਠ ਪੂਜਾ ਦੀ ਅਰਾਧਨਾ ਕੀਤੀ। ਇਸ ਮੌਕੇ ਜਤਿੰਦਰ ਲਾਲਾ, ਸੁਰੇਸ਼ ਚੌਹਾਨ, ਰਾਜੂ, ਵਿਨੋਦ, ਸ਼ਿਵ ਸਾਗਰ, ਮਨੀਸ਼, ਪ੍ਰਵੀਨ ਨਿਰਾਲਾ, ਅਮਰਨਾਥ, ਉਪਿੰਦਰ, ਹਰੀ ਲਾਲ, ਹਰੀ ਰਾਮ, ਮੁਕੇਸ਼, ਕਿਸ਼ੋਰ, ਰਾਧੇ, ਡਾਕਟਰ ਚੰਦਨ, ਗੋਪਾਲ ਚੌਹਾਨ, ਸੁਰੇਸ਼ ਕੁਮਾਰ, ਬੋਬੀ, ਰਾਮ ਪ੍ਰਵੇਸ਼, ਬਬਲੂ ਪਾਸਵਾਨ, ਮੁਕੇਸ਼ ਸ਼ਾਹ, ਇਫਟੂ ਦੇ ਪ੍ਰਧਾਨ ਪ੍ਰੈੱਸ ਸਕੱਤਰ ਜਸਬੀਰ ਦੀਪ, ਕੁਲਵਿੰਦਰ ਵੜੈਚ ਅਤੇ ਹਰਦੀਪ ਆਦਿ ਹਾਜ਼ਰ ਸਨ।





ਆਸਰੋਂ ਵਿਖੇ ਮਨਾਏ ਛੱਠ ਪੂਜਾ ਦੇ ਤਿਉਹਾਰ ਦੀਆਂ ਵੱਖ-ਵੱਖ ਤਸਵੀਰਾਂ। ਤਸਵੀਰਾਂ : ਕਲੇਰ

## ਧੂਮਧਾਮ ਨਾਲ ਮਨਾਇਆ ਛੱਠ ਪੂਜਾ ਦਾ ਤਿਉਹਾਰ

ਕਾਠਗੜ੍ਹ, 28 ਅਕਤੂਬਰ (ਹਰਸਿਮਰਨ ਜੋਤ ਸਿੰਘ ਕਲੇਰ)-ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਆਸਰੋਂ ਤੇ ਪ੍ਰੇਮਨਗਰ ਵਾਸੀ ਬਹੁਤ ਹੀ ਸ਼ਰਧਾ ਭਾਵਨਾ ਨਾਲ ਨਹਿਰ ਦੇ ਕਿਨਾਰੇ ਭਾਰੀ ਸੰਖਿਆ ਵਿਚ ਇਕੱਠੇ ਹੋ ਸ਼ਰਧਾਲੂ ਛੱਠ ਪੂਜਾ ਦੇ ਲਈ ਪਹੁੰਚੇ। ਛੱਠਵਰਤੀ ਔਰਤਾਂ ਨੇ ਨਹਿਰ ਵਿਚ ਖੜ੍ਹੇ ਹੋ ਕੇ ਢੱਲਦੇ ਸੂਰਜ ਨੂੰ ਮੱਥਾ ਟੇਕਿਆ ਤੇ ਅਨੇਕਾਂ ਪ੍ਰਕਾਰ ਦੇ ਫਲ, ਮੇਵਾ, ਗੰਨੇ, ਪਕਵਾਨ ਤੇ ਹਰੀ ਸਬਜ਼ੀਆਂ ਤੇ ਪਰਿਵਾਰ ਦੇ ਮੈਂਬਰਾਂ ਨਾਲ ਪਹੁੰਚੀਆਂ ਔਰਤਾਂ ਨੇ ਪਰਿਵਾਰ ਦੀ ਖੁਸ਼ਹਾਲੀ ਦੀ ਪ੍ਰਾਥਨਾ ਕੀਤੀ। ਦੱਸਣਯੋਗ ਹੈ ਕਿ ਛੱਠ ਮਾਤਾ ਦੇ ਵਰਤ ਬਾਰੇ ਵਿਚ ਮਾਨਤਾ ਹੈ ਕਿ ਸੂਰਜ ਦੇਵ ਦੀ ਭੈਣ ਛੱਠ ਮਾਤਾ ਨੂੰ ਖੁਸ਼ ਕਰਨ ਦੇ ਲਈ ਸ਼ਰਧਾਲੂਆਂ ਵਲੋਂ ਇਹ ਮੁਸ਼ਕਿਲ ਵਰਤ ਰੱਖ ਕੇ 36 ਘੰਟੇ ਦਾ (ਵਰਤ) ਕੀਤਾ ਜਾਂਦਾ ਹੈ, ਜਿਸ ਵਿਚ ਪਹਿਲੇ ਦਿਨ ਸ਼ਾਮ ਤੇ ਦੂਜੇ ਦਿਨ ਸਵੇਰੇ ਸੂਰਜ ਦੇਵਤਾ ਨੂੰ ਪਾਣੀ ਵਿਚ ਖੜ੍ਹੇ ਹੋ ਕੇ ਨਮਸਕਾਰ ਕੀਤਾ ਜਾਂਦਾ ਹੈ। ਉਸ ਦੌਰਾਨ ਨਵ ਵਿਆਹੁਤਾ ਨੂੰ ਪੁੱਤਰ ਪ੍ਰਾਪਤੀ ਲਈ ਪ੍ਰਸ਼ਾਦ ਦਿੱਤਾ ਜਾਂਦਾ ਹੈ, ਜਿਸ ਦੇ ਤਹਿਤ ਹਰ ਸਾਲ ਸ਼ਰਧਾਲੂ ਨਹਿਰ ਦੇ ਕਿਨਾਰੇ ਖੜ੍ਹੇ ਹੋ ਕੇ ਛੱਠ ਪੂਜਾ ਕਰਦੇ ਹਨ। ਇਸ ਮੌਕੇ ਵੰਸ਼ ਵਰਮਾ, ਅਰਚਨਾ, ਅਨੂਪ ਵਰਮਾ, ਜੁਗਨੂੰ, ਪ੍ਰੇਮ ਸ਼ੰਕਰ ਗੁੱਪਤਾ, ਸਾਬਕਾ ਸਰਪੰਚ ਗੁੱਡੂ ਗੁਪਤਾ, ਗੁਲਾਬ ਸਿੰਘ, ਪੰਚ ਚੰਦਨ, ਪੰਚ ਰਾਮ ਦਿਆਲ, ਰਵੀ ਸ਼ੰਕਰ, ਸੰਜੀਵ ਕੁਮਾਰ, ਸੋਨੂੰ ਕੁਮਾਰ, ਨੇਹਾ ਰਾਣੀ, ਲਾਲਤੀ ਦੇਵੀ, ਸੁਨੀਤਾ ਦੇਵੀ, ਹਿਮਾਤੀ, ਦੇਵੀ ਨਾਥ, ਆਰ. ਬੀ. ਸਿੰਘ ਤੇ ਹੋਰ ਸੰਗਤਾਂ ਹਾਜ਼ਰ ਸਨ।

## ਜੀ. ਐਨ. ਏ. ਐਕਸਲ ਗਰੁੱਪ ਵਲੋਂ ਅੱਖਾਂ ਦਾ ਜਾਂਚ ਕੈਂਪ 2 ਨੂੰ

ਹੁਸ਼ਿਆਰਪੁਰ, 28 ਅਕਤੂਬਰ (ਨਰਿੰਦਰ ਸਿੰਘ ਬੱਡਲਾ)-ਜੀ. ਐਨ. ਏ. ਐਕਸਲ ਗਰੁੱਪ ਮੇਹਟੀਆਣਾ ਵਲੋਂ ਪਿੰਡ ਭਬਿਆਣਾ ਵਿਖੇ ਅੱਖਾਂ ਦਾ ਮੁਫ਼ਤ ਜਾਂਚ ਤੇ ਆਪ੍ਰੇਸ਼ਨ ਕੈਂਪ 2 ਨਵੰਬਰ ਨੂੰ ਸਵੇਰੇ 10 ਤੋਂ 3 ਵਜੇ ਤੱਕ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਭਬਿਆਣਾ ਵਿਖੇ ਲਗਾਇਆ ਜਾ ਰਿਹਾ ਹੈ। ਇਸ ਸੰਬੰਧੀ ਜੀ. ਐਨ. ਐਕਸਲ ਗਰੁੱਪ ਦੇ ਐਮ. ਡੀ. ਤੇ ਸੀ. ਈ. ਓ. ਰਣਵੀਰ ਸਿੰਘ ਨੇ ਦੱਸਿਆ ਕਿ ਕੈਂਪ ਦੌਰਾਨ ਸਵੇਰੇ 9 ਵਜੇ ਤੋਂ 1 ਵਜੇ ਤੱਕ ਮਰੀਜ਼ਾਂ ਦੀਆਂ ਪਰਚੀਆਂ ਕੱਟੀਆਂ ਜਾਣਗੀਆਂ ਤੇ ਉਪਰੰਤ ਜਾਂਚ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਅੱਖਾਂ ਦੇ ਮੁਫ਼ਤ ਜਾਂਚ ਤੇ ਆਪ੍ਰੇਸ਼ਨ ਕੈਂਪ ਦੌਰਾਨ ਡਾਕਟਰ ਜੀ. ਐਸ. ਵਿਰਦੀ ਫਗਵਾੜਾ ਦੀ ਟੀਮ ਵਲੋਂ ਲੋੜਵੰਦ ਮਰੀਜ਼ਾਂ ਦੀ ਜਾਂਚ ਕਰਨ ਉਪਰੰਤ ਮੁਫ਼ਤ ਆਪ੍ਰੇਸ਼ਨ ਕੀਤੇ ਜਾਣਗੇ ਤੇ ਜ਼ਰੂਰਤਮੰਦ ਮਰੀਜ਼ਾਂ ਨੂੰ ਐਨਕਾਂ ਤੇ ਦਵਾਈਆਂ ਮੁਫ਼ਤ ਦਿੱਤੀਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਮਰੀਜ਼ਾਂ ਦੀਆਂ ਅੱਖਾਂ ਦੇ ਆਪ੍ਰੇਸ਼ਨ ਵਿਰਦੀ ਹਸਪਤਾਲ ਫਗਵਾੜਾ ਵਿਖੇ ਕੀਤੇ ਜਾਣਗੇ ਤੇ ਮੁਫ਼ਤ ਲੈਂਜ਼ ਪਾਏ ਜਾਣਗੇ।

## ਪੰਜਾਬ ਦੇ ਸੰਯੁਕਤ ਮੁੱਖ ਚੋਣ ਅਧਿਕਾਰੀ ਵਲੋਂ ਈ. ਵੀ. ਐਮ. ਵੇਅਰ ਹਾਊਸ ਦੀ ਸਮੀਖਿਆ

ਨਵਾਂਸ਼ਹਿਰ, 28 ਅਕਤੂਬਰ (ਜਸਬੀਰ ਸਿੰਘ ਨੂਰਪੁਰ)-ਪੰਜਾਬ ਦੇ ਸੰਯੁਕਤ ਮੁੱਖ ਚੋਣ ਅਫਸਰ ਸਕੱਤਰ ਸਿੰਘ ਬੱਲ ਨੇ ਸਥਾਨਕ ਡਾ. ਬੀ. ਆਰ. ਅੰਬੇਡਕਰ ਭਵਨ, ਗੁੱਜਰਪੁਰ ਕਲਾਂ ਵਿਖੇ ਸਥਿਤ ਜ਼ਿਲ੍ਹੇ ਦੇ ਈ. ਵੀ. ਐਮ. ਵੇਅਰ ਹਾਊਸ ਦੀ ਜਾਂਚ ਕੀਤੀ। ਵਧੀਕ ਡਿਪਟੀ ਕਮਿਸ਼ਨਰ ਰਾਜੀਵ ਵਰਮਾ ਤੇ ਸਹਾਇਕ ਕਮਿਸ਼ਨਰ ਜਗਦੀਪ ਸਿੰਘ ਵਲੋਂ ਸੰਯੁਕਤ ਮੁੱਖ ਚੋਣ ਅਫਸਰ ਸਕੱਤਰ ਸਿੰਘ ਬੱਲ ਦੇ ਸਵਾਗਤ ਉਪਰੰਤ ਵੱਖ-ਵੱਖ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਦੀ ਮੌਜੂਦਗੀ 'ਚ ਵੇਅਰ ਹਾਊਸ ਦੀ ਸਮੀਖਿਆ ਕੀਤੀ ਗਈ। ਸਕੱਤਰ ਸਿੰਘ ਬੱਲ ਨੇ ਸਿਆਸੀ ਨੁਮਾਇੰਦਿਆਂ ਨਾਲ ਗੱਲਬਾਤ ਕਰਦਿਆਂ ਵੋਟਰ ਸੂਚੀਆਂ ਦੇ ਸੁਧਾਈ ਤੇ ਚੋਣ ਪ੍ਰਕਿਰਿਆ ਬਾਰੇ ਵਿਚਾਰ ਵਟਾਂਦਰਾ ਕੀਤਾ। ਉਨ੍ਹਾਂ ਨੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਪਾਰਟੀ ਦੇ ਬੂਥ ਲੈਵਲ ਏਜੰਟ ਨਿਯੁਕਤ ਕਰਨ ਨੂੰ ਤਰਜੀਹ ਦੇਣ ਤਾਂ ਜੋ ਇਹ ਏਜੰਟ ਬੀ. ਐਲ. ਓਜ਼ ਨਾਲ ਤਾਲਮੇਲ ਕਰਕੇ ਵੋਟਰ ਸੂਚੀ ਤਿਆਰ ਕਰਨ ਵਿਚ ਸਹਿਯੋਗ ਕਰਨ। ਉਨ੍ਹਾਂ ਦੱਸਿਆ ਕਿ ਚੋਣ ਕਮਿਸ਼ਨ ਦੀਆਂ ਸਰਗਰਮੀਆਂ ਲਗਾਤਾਰ ਜਾਰੀ ਰਹਿੰਦੀਆਂ ਹਨ ਤੇ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਲਈ ਸਥਾਨਕ ਜ਼ਿਲ੍ਹਾ ਚੋਣ ਦਫ਼ਤਰ ਨਾਲ ਰਾਬਤਾ ਕੀਤਾ ਜਾ ਸਕਦਾ ਹੈ। ਵੱਖ-ਵੱਖ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੇ ਸੰਯੁਕਤ ਮੁੱਖ ਚੋਣ ਅਧਿਕਾਰੀ ਨਾਲ ਗੱਲਬਾਤ ਕਰਦਿਆਂ ਅਹਿਮ ਜਾਣਕਾਰੀ ਹਾਸਿਲ ਕੀਤੀ। ਇਸ ਮੌਕੇ ਆਮ ਆਦਮੀ ਪਾਰਟੀ ਤੋਂ ਸਤਨਾਮ ਸਿੰਘ ਜਲਵਾਹਾ ਤੇ ਗਗਨ ਅਗਨੀਹੋਤਰੀ, ਭਾਜਪਾ ਤੋਂ ਕੁਲਵਿੰਦਰ ਸਿੰਘ, ਸ਼੍ਰੋਮਣੀ ਅਕਾਲੀ ਦਲ ਤੋਂ ਨਰਿੰਦਰ ਸਿੰਘ, ਬਸਪਾ ਤੋਂ ਹਰਮੇਸ਼ ਲਾਲ, ਸੀ. ਪੀ. ਆਈ. (ਐਮ.) ਚਰਨਜੀਤ ਸਿੰਘ, ਚੋਣ ਤਹਿਸੀਲਦਾਰ ਹਰਮਿੰਦਰ ਸਿੰਘ ਅਤੇ ਚੋਣ ਕਾਨੂੰਗੋ ਅਮਨਦੀਪ ਸਿੰਘ ਆਦਿ ਹਾਜ਼ਰ ਸਨ।



ਪੰਜਾਬ ਦੇ ਸੰਯੁਕਤ ਮੁੱਖ ਚੋਣ ਅਧਿਕਾਰੀ ਸਕੱਤਰ ਸਿੰਘ ਬੱਲ ਈ. ਵੀ. ਐਮ. ਵੇਅਰ ਹਾਊਸ ਦੀ ਸਮੀਖਿਆ ਕਰਦੇ ਹੋਏ। ਅਜੀਤ ਤਸਵੀਰ



ਗਿਆਨੀ ਰਣਜੀਤ ਸਿੰਘ ਬੀਸਲਾ ਗੱਲਬਾਤ ਕਰਦੇ ਹੋਏ ਤੇ ਸਾਥੀ। ਅਜੀਤ ਤਵਸੀਰ

## ਨੌਜਵਾਨ ਨਸ਼ਿਆਂ ਨੂੰ ਤਿਆਗ ਕੇ ਖੇਡਾਂ ਨੂੰ ਅਪਨਾਉਣ-ਜਥੇਦਾਰ ਬੀਸਲਾ

ਬਹਿਰਾਮ, 28 ਅਕਤੂਬਰ (ਸਰਬਜੀਤ ਸਿੰਘ ਰਾਣਾ)-ਨੌਜਵਾਨ ਨਸ਼ਿਆਂ ਦੀ ਦਲਦਲ 'ਚ ਫਸ ਕੇ ਆਪਣੀ ਸਿਹਤ, ਪੈਸੇ ਤੇ ਸਮਾਜਿਕ ਰਿਸ਼ਤਿਆਂ ਦਾ ਘਾਣ ਕਰਨ ਦੀ ਬਜਾਏ ਖੇਡਾਂ ਵਿਚ ਭਾਗ ਲੈ ਕੇ ਆਪਣੇ ਮਾਤਾ-ਪਿਤਾ, ਪਿੰਡ ਤੇ ਦੇਸ਼ ਦਾ ਨਾਂਅ ਰੌਸ਼ਨ ਕਰਨ। ਇਹ ਪ੍ਰਗਟਾਵਾ ਸਮਾਜ ਸੇਵੀ ਗਿਆਨੀ ਰਣਜੀਤ ਸਿੰਘ ਬੀਸਲਾ ਨੇ ਇਥੇ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਉਪਰੰਤ ਕੀਤਾ। ਉਨ੍ਹਾਂ ਕਿਹਾ ਕਿ ਨਸ਼ੇ ਵਿਅਕਤੀ ਦੇ ਸਰੀਰ ਨੂੰ ਘੁਣ ਵਾਂਗ ਖਾ ਜਾਂਦੇ ਹਨ। ਉਨ੍ਹਾਂ ਕਿਹਾ ਕਿ ਨਸ਼ੇ ਕਰਨ ਵਾਲਾ ਵਿਅਕਤੀ ਆਪਣੇ ਮਾਤਾ-ਪਿਤਾ ਤੇ ਸਮਾਜ ਪ੍ਰਤੀ ਆਪਣੇ ਫ਼ਰਜ਼ਾਂ ਨੂੰ ਨਹੀਂ ਨਿਭਾਅ ਸਕਦਾ, ਜਿਸ ਕਾਰਨ ਉਹ ਆਪਣੇ ਜੀਵਨ ਨੂੰ ਵਿਅਰਥ ਹੀ ਗੁਆ ਲੈਂਦਾ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਰੋਕਥਾਮ ਲਈ ਸਰਕਾਰ ਪੂਰੀ ਸਖ਼ਤੀ ਨਾਲ ਕੋਈ ਸਾਰਥਕ ਕਦਮ ਚੁੱਕੇ ਤਾਂ ਜੋ ਸਾਡੇ ਨੌਜਵਾਨ ਇਸ ਦਲਦਲ ਵਿਚ ਫ਼ਸਣ ਤੋਂ ਬੱਚ ਸਕਣ। ਇਸ ਮੌਕੇ ਬਾਬਾ ਸੋਹਣ ਸਿੰਘ ਬੀਸਲਾ, ਸ਼ਮਸ਼ੇਰ ਸਿੰਘ, ਬਲਵਿੰਦਰ ਰਾਮ ਸਾਬਕਾ ਸਰਪੰਚ ਲਾਲਪੁਰ ਆਦਿ ਹਾਜ਼ਰ ਸਨ।

## ਸੜਕ ਹਾਦਸੇ 'ਚ ਜ਼ਖ਼ਮੀ ਦੀ ਇਲਾਜ ਦੌਰਾਨ ਮੌਤ

ਹੁਸ਼ਿਆਰਪੁਰ, 28 ਅਕਤੂਬਰ (ਬਲਜਿੰਦਰਪਾਲ ਸਿੰਘ)-ਸੜਕ ਦੁਰਘਟਨਾ 'ਚ ਜ਼ਖ਼ਮੀ ਹੋਏ ਵਿਅਕਤੀ ਦੀ ਇਲਾਜ ਦੌਰਾਨ ਮੌਤ ਹੋ ਗਈ। ਥਾਣਾ ਸਦਰ ਦੀ ਪੁਲਿਸ ਨੇ ਕਥਿਤ ਦੋਸ਼ੀ ਨੂੰ ਨਾਮਜ਼ਦ ਕਰਕੇ ਮਾਮਲਾ ਦਰਜ ਕਰ ਲਿਆ ਹੈ। ਬੁੱਲ੍ਹੋਵਾਲ ਦੇ ਵਾਸੀ ਰਾਕੇਸ਼ ਕੁਮਾਰ ਨੇ ਪੁਲਿਸ ਨੂੰ ਦੱਸਿਆ ਕਿ ਉਸ ਦਾ ਭਰਾ ਪ੍ਰਮੋਦ ਕੁਮਾਰ ਟਿਫ਼ਨ ਸਪਲਾਈ ਕਰਨ ਦਾ ਕੰਮ ਕਰਦਾ ਹੈ। ਉਸ ਦੇ ਮੁਤਾਬਿਕ 26 ਅਕਤੂਬਰ ਨੂੰ ਉਸ ਦਾ ਭਰਾ ਅਸਲਾਬਾਦ ਵਿਖੇ ਸੜਕ ਕਿਨਾਰੇ ਖੜ੍ਹਾ ਸੀ। ਇਸ ਦੌਰਾਨ ਉਥੋਂ ਦੀ ਲੰਘ ਰਹੇ ਇਕ ਵਾਹਨ ਚਾਲਕ ਨੇ ਉਸ ਦੇ ਭਰਾ ਨੂੰ ਆਪਣੀ ਲਪੇਟ 'ਚ ਲੈ ਲਿਆ। ਜ਼ਖ਼ਮੀ ਹਾਲਤ 'ਚ ਉਸ ਦੇ ਭਰਾ ਨੂੰ ਸਿਵਲ ਹਸਪਤਾਲ ਦਾਖਲ ਕਰਵਾਇਆ। ਜਿਥੇ ਡਾਕਟਰਾਂ ਨੇ ਉਸ ਦੀ ਹਾਲਤ ਨੂੰ ਦੇਖਦੇ ਹੋਏ ਨਿੱਜੀ ਹਸਪਤਾਲ 'ਚ ਦਾਖਲ ਕਰਵਾ ਦਿੱਤਾ, ਜਿਥੇ ਇਲਾਜ ਦੌਰਾਨ ਉਸ ਦੇ ਭਰਾ ਦੀ ਮੌਤ ਹੋ ਗਈ। ਪੁਲਿਸ ਨੇ ਕਥਿਤ ਦੋਸ਼ੀ ਓਮ ਪ੍ਰਕਾਸ਼ ਵਾਸੀ ਡੱਲੇਵਾਲ ਨੂੰ ਨਾਮਜ਼ਦ ਕਰਕੇ ਮਾਮਲਾ ਦਰਜ ਕਰ ਲਿਆ ਹੈ।




ਨਵਾਂਸ਼ਹਿਰ ਦੇ ਦੁਆਬਾ ਆਰੀਆ ਸਕੂਲ ਵਿਖੇ ਲਗਾਏ ਐਨ. ਐਸ. ਐਸ. ਦੇ ਕੈਂਪ ਦੌਰਾਨ ਵਿਦਿਆਰਥੀ ਤੇ ਸਟਾਫ਼। ਅਜੀਤ ਤਸਵੀਰ

## ਦੁਆਬਾ ਆਰੀਆ ਸਕੂਲ 'ਚ ਲਗਾਇਆ ਮੁਫ਼ਤ ਖ਼ੂਨ ਜਾਂਚ ਕੈਂਪ

ਨਵਾਂਸ਼ਹਿਰ, 28 ਅਕਤੂਬਰ (ਜਸਬੀਰ ਸਿੰਘ ਨੂਰਪੁਰ)-ਦੁਆਬਾ ਆਰੀਆ ਸੀਨੀਅਰ ਸੈਕੰਡਰੀ ਸਕੂਲ ਨਵਾਂਸ਼ਹਿਰ ਵਿਖੇ ਐਨ. ਐਸ. ਐਸ. ਕੈਂਪ ਦੌਰਾਨ ਬਲੱਡ ਬੈਂਕ ਨਵਾਂਸ਼ਹਿਰ ਦੇ ਸਹਿਯੋਗ ਨਾਲ ਖ਼ੂਨ ਜਾਂਚ ਕੈਂਪ ਲਗਾਇਆ। ਪ੍ਰਿੰਸੀਪਲ ਰਜਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਬਲੱਡ ਬੈਂਕ ਨਵਾਂਸ਼ਹਿਰ ਦੀ ਟੀਮ ਨੇ ਸਾਰੇ ਵਲੰਟੀਅਰਾਂ ਦਾ ਬਲੱਡ ਗਰੁੱਪ ਚੈੱਕ ਕੀਤਾ ਤੇ ਵਿਦਿਆਰਥੀਆਂ ਨੂੰ ਇਸ ਬਾਰੇ ਜਾਣਕਾਰੀ ਦਿੱਤੀ। ਪ੍ਰੋਗਰਾਮ ਅਫ਼ਸਰ ਗੁਰਪ੍ਰੀਤ ਕੌਰ ਨੇ ਜੀ. ਐਸ. ਤੂਰ ਤੇ ਉਨ੍ਹਾਂ ਦੀ ਟੀਮ ਦਾ ਖ਼ੂਨ ਜਾਂਚ ਕਰਨ ਲਈ ਧੰਨਵਾਦ ਕੀਤਾ। ਇਸ ਤੋਂ ਬਾਅਦ ਸੰਤੋਸ਼ ਰਾਣੀ ਨੇ ਰਾਹੋਂ ਰੋਡ 'ਤੇ ਖੇਡ ਮੈਦਾਨ 'ਚ ਐਨ. ਐਸ. ਐਸ. ਵਲੰਟੀਅਰ ਦੇ ਸਹਿਯੋਗ ਨਾਲ ਟੋਏ ਭਰੇ ਗਏ ਅਤੇ ਸਫ਼ਾਈ ਕੀਤੀ ਗਈ। ਵਿਦਿਆਰਥੀਆਂ ਨੂੰ ਆਲੇ-ਦੁਆਲੇ ਦੀ ਸਫ਼ਾਈ ਕਰਨ ਬਾਰੇ ਜਾਗਰੂਕ ਕੀਤਾ। ਬੱਚਿਆਂ ਨੂੰ ਸ਼ਾਮ ਵੇਲੇ ਸੱਭਿਆਚਾਰਕ ਗਤੀਵਿਧੀਆਂ ਕਰਕੇ ਉਨ੍ਹਾਂ ਦਾ ਮਨ-ਪਰਚਾਵਾ ਕੀਤਾ। ਇਸ ਮੌਕੇ ਇੰਦਰਜੀਤ ਕੌਰ, ਲੈਕਚਰਾਰ ਅਮਨ, ਸਰਬਜੀਤ ਕੌਰ, ਸਿਰਜਨਾ, ਜਸਪਾਲ ਸਿੰਘ, ਮਹਿੰਦਰ ਪਾਲ ਸਿੰਘ ਆਦਿ ਹਾਜ਼ਰ ਸਨ।



ਸਰਕਾਰੀ ਸਕੂਲ ਮਾਲੇਵਾਲ ਵਿਖੇ ਝੰਡੂਪੁਰ ਸਪੋਰਟਸ ਕਲੱਬ ਦੇ ਮੈਂਬਰ ਸਕੂਲ ਸਟਾਫ ਦਾ ਸਨਮਾਨ ਕਰਦੇ ਹੋਏ। ਤਸਵੀਰ : ਬੂਥਗੜ੍ਹੀਆ

## ਝੰਡੂਪੁਰ ਕਲੱਬ ਵਲੋਂ ਸਰਕਾਰੀ ਸਕੂਲ ਮਾਲੇਵਾਲ ਲਈ ਸਹਾਇਤਾ ਰਾਸ਼ੀ ਭੇਟ

ਪੋਜੇਵਾਲ ਸਰਾਂ, 28 ਅਕਤੂਬਰ (ਬੂਥਗੜ੍ਹੀਆ)-ਸ਼ਹੀਦ ਜਸਪਾਲ ਸਪੋਰਟਸ ਐਂਡ ਵੈਲਫੇਅਰ ਕਲੱਬ ਪਿੰਡ ਝੰਡੂਪੁਰ ਦੇ ਸਮੂਹ ਨੌਜਵਾਨਾਂ ਵਲੋਂ ਚੌ. ਮੇਲਾ ਰਾਮ ਭੂੰਬਲਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂੰ ਮਾਲੀ ਸਹਾਇਤਾ ਰਾਸ਼ੀ ਤੇ ਸਕੂਲ ਨੂੰ ਸ਼ਹੀਦ ਜਸਪਾਲ ਦੀ ਯਾਦਗਾਰ ਤਸਵੀਰ ਦਾ ਸਨਮਾਨ ਚਿੰਨ੍ਹ ਭੇਟ ਕੀਤਾ। ਇਸ ਮੌਕੇ ਸਕੂਲ ਦੇ ਸਮੂਹ ਸਟਾਫ ਵਲੋਂ ਸ਼ਹੀਦ ਜਸਪਾਲ ਸਪੋਰਟਸ ਕਲੱਬ ਦੇ ਸਮੁੱਚੇ ਮੈਂਬਰਾਂ ਦਾ ਸਕੂਲ ਪਹੁੰਚਣ 'ਤੇ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ ਸਾਇੰਸ ਮਾਸਟਰ ਰਾਕੇਸ਼ ਕੁਮਾਰ ਨੇ ਕਿਹਾ ਕਿ ਸ਼ਹੀਦ ਜਸਪਾਲ ਨੇ ਅੱਤਵਾਦ ਦੇ ਸਮੇਂ ਦੇ ਦੌਰਾਨ ਦੇਸ਼ ਦੇ ਲਈ ਆਪਣੀ ਜਾਨ ਨੂੰ ਕੁਰਬਾਨ ਕਰ ਜਾਣਾ ਸਾਡੇ ਹਲਕੇ ਦੇ ਲਈ ਬੜੀ ਮਾਣ ਵਾਲੀ ਗੱਲ ਹੈ। ਉਨ੍ਹਾਂ ਨੇ ਕਿਹਾ ਕਿ ਪਿੰਡ ਝੰਡੂਪੁਰ ਨਗਰ ਦਾ ਯੂਥ ਸ਼ਹੀਦ ਜਸਪਾਲ ਨੂੰ ਯਾਦ ਕਰਨ ਦੇ ਲਈ ਪਿੰਡ 'ਚ ਉਨ੍ਹਾਂ ਦੀ ਯਾਦ ਵਿਚ ਵੱਖ-ਵੱਖ ਖੇਡ ਮੇਲੇ ਕਰਵਾ ਕੇ ਉਨ੍ਹਾਂ ਨੂੰ ਯਾਦ ਕਰਦਾ ਹੈ। ਇਸ ਮੌਕੇ ਕਲੱਬ ਪ੍ਰਧਾਨ ਅਜੇ ਕੁਮਾਰ, ਅਮਰਜੀਤ ਕਾਲਾ, ਮਾਸਟਰ ਵਿਜੇ ਕੁਮਾਰ, ਕਰਨ ਕੁਮਾਰ, ਡੀ. ਪੀ. ਯਾਦਵਿੰਦਰ ਸਿੰਘ, ਮਾਸਟਰ ਹਰਵਿੰਦਰ ਸਿੰਘ, ਮਾਸਟਰ ਧਰਮਵੀਰ ਕਿਸਾਣਾ, ਮਾਸਟਰ ਦਵਿੰਦਰ ਨਵਾਗਰਾਂ ਆਦਿ ਹਾਜ਼ਰ ਸਨ।



ਮੀਟਿੰਗ ਉਪਰੰਤ ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ (ਪੀ. ਪੀ. ਪੀ. ਐੱਫ਼) ਦੇ ਆਗੂ ਪ੍ਰੈੱਸ ਨਾਲ ਜਾਣਕਾਰੀ ਸਾਂਝੀ ਕਰਦੇ ਹੋਏ। ਤਸਵੀਰ : ਭਗਵਾਨ ਸਿੰਘ ਸੈਣੀ

## ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਦੇ 3 ਨਵੰਬਰ ਨੂੰ ਰੋਸ ਪ੍ਰਦਰਸ਼ਨ ਵਿਚ ਭਰਵੀਂ ਸ਼ਮੂਲੀਅਤ ਕਰਨ ਦਾ ਕੀਤਾ ਫ਼ੈਸਲਾ

ਟਾਂਡਾ ਉੜਮੁੜ, 28 ਅਕਤੂਬਰ (ਭਗਵਾਨ ਸਿੰਘ ਸੈਣੀ)-ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ ਦੀ ਸੂਬਾ ਕਾਰਜਕਾਰਨੀ ਦੇ ਫ਼ੈਸਲੇ ਅਨੁਸਾਰ ਨਵੀਂ ਪੈਨਸ਼ਨ ਸਕੀਮ (ਐਨ. ਪੀ. ਐਸ.) ਨੂੰ ਰੱਦ ਕਰਵਾ ਕੇ ਪੁਰਾਣੀ ਪੈਨਸ਼ਨ ਸਕੀਮ ਦੁਬਾਰਾ ਲਾਗੂ ਕਰਵਾਉਣ ਹਿਤ 3 ਨਵੰਬਰ ਨੂੰ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਹੁਸ਼ਿਆਰਪੁਰ ਮੂਹਰੇ ਕੀਤੇ ਜਾਣ ਵਾਲੇ ਰੋਸ ਪ੍ਰਦਰਸ਼ਨ ਦੀਆਂ ਤਿਆਰੀਆਂ ਲਈ (ਪੀ. ਪੀ. ਪੀ. ਐਫ.) ਬਲਾਕ ਇਕਾਈ ਟਾਂਡਾ ਦੀ ਇਕ ਅਹਿਮ ਮੀਟਿੰਗ ਮਨਜੀਤ ਸਿੰਘ ਸੈਣੀ, ਅਮਨਦੀਪ ਸਿੰਘ ਚੌਹਾਨ ਤੇ ਰਾਜਵਿੰਦਰ ਸਿੰਘ ਬੁੱਢੀ ਪਿੰਡ ਆਦਿ ਆਗੂਆਂ ਦੀ ਅਗਵਾਈ ਹੇਠ ਸ਼ਿਮਲਾ ਪਹਾੜੀ ਟਾਂਡਾ ਵਿਖੇ ਹੋਈ, ਜਿਸ ਵਿਚ ਫ਼ਰੰਟ ਦੇ ਦੋਆਬਾ ਜ਼ੋਨ ਦੇ ਕਨਵੀਨਰ ਇੰਦਰ ਸੁਖਦੀਪ ਸਿੰਘ ਓਢਰਾ ਤੇ ਜ਼ਿਲ੍ਹਾ ਕਨਵੀਨਰ ਮਨਜੀਤ ਸਿੰਘ ਦਸੂਹਾ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਮੀਟਿੰਗ ਦੀ ਕਾਰਵਾਈ ਦੀ ਜਾਣਕਾਰੀ ਸਾਂਝੀ ਕਰਦਿਆਂ ਉਕਤ ਆਗੂਆਂ ਨੇ ਦੱਸਿਆ ਕਿ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲਗਭਗ ਤਿੰਨ ਸਾਲ ਪਹਿਲਾਂ ਹਿਮਾਚਲ ਪ੍ਰਦੇਸ਼ ਤੇ ਗੁਜਰਾਤ ਸੂਬਿਆਂ ਦੀਆਂ ਵਿਧਾਨ ਸਭਾ ਚੋਣਾਂ ਮੌਕੇ ਪੰਜਾਬ ਅੰਦਰ ਨਵੀਂ ਪੈਨਸ਼ਨ ਸਕੀਮ ਨੂੰ ਬੰਦ ਕਰਕੇ ਦੁਬਾਰਾ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦਾ ਐਲਾਨ ਕੀਤਾ ਸੀ ਅਤੇ ਇਸ ਬਾਰੇ 18 ਨਵੰਬਰ 2022 ਨੂੰ ਇਕ ਨੋਟੀਫ਼ਿਕੇਸ਼ਨ ਵੀ ਜਾਰੀ ਕੀਤਾ ਸੀ ਪਰ ਇਸ ਨੋਟੀਫ਼ਿਕੇਸ਼ਨ ਨੂੰ ਜਾਰੀ ਹੋਇਆਂ ਨੂੰ ਤਿੰਨ ਸਾਲ ਹੋਣ ਨੂੰ ਆਏ ਹਨ ਪਰ ਪੰਜਾਬ ਅੰਦਰ ਹਕੀਕੀ ਰੂਪ ਵਿਚ ਪੁਰਾਣੀ ਪੈਨਸ਼ਨ ਸਕੀਮ ਨੂੰ ਲਾਗੂ ਨਹੀਂ ਕੀਤਾ ਗਿਆ। ਜਿਸ ਦੇ ਰੋਸ ਵਜੋਂ ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ ਵਲੋਂ 3 ਨਵੰਬਰ ਨੂੰ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਹੁਸ਼ਿਆਰਪੁਰ ਮੂਹਰੇ ਰੋਸ ਪ੍ਰਦਰਸ਼ਨ ਕਰਨ ਤੋਂ ਬਾਅਦ ਸ਼ਹਿਰ 'ਚ ਰੋਸ ਮਾਰਚ ਕੀਤਾ ਜਾਵੇਗਾ। ਇਸ ਮੌਕੇ ਵਰਿੰਦਰ ਸੈਣੀ ਤੱਲਾ ਮੱਦਾ, ਕੁਲਵਿੰਦਰ ਸਿੰਘ ਸੈਦੂਪੁਰ, ਲਖਵੀਰ ਸਿੰਘ ਗੁਰਾਲਾ, ਬਲਰਾਜ ਸਿੰਘ ਕੰਧਾਲਾ ਜੱਟਾਂ, ਵਰਿੰਦਰ ਸ਼ਹਿਬਾਜ਼ਪੁਰ, ਮਨਵਿੰਦਰ ਸਿੰਘ, ਜਗਪ੍ਰੀਤ ਸਿੰਘ, ਰਜਿੰਦਰ ਕੁਮਾਰ ਖੁਰਾਣਾ, ਦਲਜੀਤ ਸਿੰਘ, ਕੁਲਵਿੰਦਰ ਸਿੰਘ, ਪ੍ਰਦੀਪ ਸ਼ਰਮਾ, ਸੁਰਿੰਦਰ ਸਿੰਘ ਤੇ ਰਾਕੇਸ਼ ਕੁਮਾਰ ਆਦਿ ਆਗੂ ਵੀ ਹਾਜ਼ਰ ਸਨ।

## ਪੰਜਾਬ ਸਟੇਟ ਡਿਵੈੱਲਪਮੈਂਟ ਟੈਕਸ ਐਕਟ ਤਹਿਤ ਰਜਿਸਟ੍ਰੇਸ਼ਨ ਲਈ ਕੈਂਪ ਅੱਜ ਤੋਂ-ਪਰਮਜੀਤ ਸਿੰਘ

ਹੁਸ਼ਿਆਰਪੁਰ, 28 ਅਕਤੂਬਰ (ਬਲਜਿੰਦਰਪਾਲ ਸਿੰਘ)-ਸਹਾਇਕ ਕਮਿਸ਼ਨਰ ਸਟੇਟ ਟੈਕਸ ਪਰਮਜੀਤ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਪੰਜਾਬ ਰਾਜ ਵਿਕਾਸ ਟੈਕਸ ਐਕਟ 2018 ਅਧੀਨ ਯੋਗ ਵਿਅਕਤੀਆਂ ਨੂੰ ਰਜਿਸਟਰ ਕਰਨ ਲਈ ਇਕ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਗਈ ਹੈ। ਇਸ ਮੁਹਿੰਮ ਤਹਿਤ 29 ਤੋਂ 30 ਅਕਤੂਬਰ ਤੱਕ ਹੁਸ਼ਿਆਰਪੁਰ ਜ਼ਿਲ੍ਹੇ ਦੇ ਵੱਖ-ਵੱਖ ਥਾਵਾਂ 'ਤੇ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਰਜਿਸਟ੍ਰੇਸ਼ਨ ਕਿਸੇ ਵੀ ਕਾਰੋਬਾਰ, ਪੇਸ਼ੇ ਜਾਂ ਸੇਵਾ 'ਚ ਲੱਗੇ ਸਾਰੇ ਵਿਅਕਤੀਆਂ, ਜਿਵੇਂ ਕਿ ਡੀਲਰ, ਸਰਕਾਰੀ ਅਤੇ ਨਿੱਜੀ ਕਰਮਚਾਰੀ, ਡਾਕਟਰ, ਵਕੀਲ, ਚਾਰਟਰਡ ਅਕਾਊਂਟੈਂਟ, ਇੰਜੀਨੀਅਰ, ਕਾਰੋਬਾਰੀ, ਵਪਾਰੀ, ਠੇਕੇਦਾਰ ਤੇ ਏਜੰਟ ਲਈ ਲਾਜ਼ਮੀ ਹੈ। ਉਨ੍ਹਾਂ ਦੱਸਿਆ ਕਿ 29 ਅਕਤੂਬਰ ਨੂੰ ਦਸੂਹਾ ਦਾਣਾ ਮੰਡੀ 'ਚ ਸਹਾਇਕ ਰਾਜ ਕਰ ਅਧਿਕਾਰੀ ਰਘੂ ਰੈਣਾ, ਮਾਹਿਲਪੁਰ ਦੇ ਕਰਮ ਪੈਲੇਸ 'ਚ ਗਗਨਦੀਪ ਸਿੰਘ ਅਤੇ ਅਮਰਜੀਤ, ਇੰਡਸਟਰੀਅਲ ਡਿਵੈਲਪਮੈਂਟ ਕਲੋਨੀ ਹੁਸ਼ਿਆਰਪੁਰ ਵਿਖੇ ਜਸਜੀਤ ਕੌਰ ਅਤੇ ਦਾਣਾ ਮੰਡੀ ਫਗਵਾੜਾ ਰੋਡ ਹੁਸ਼ਿਆਰਪੁਰ ਵਿਚ ਰਮਨਦੀਪ ਸਿੰਘ ਵਲੋਂ ਸਵੇਰੇ 9:30 ਵਜੇ ਤੋਂ ਕੈਂਪ ਲਗਾਏ ਜਾਣਗੇ। ਇਸੇ ਤਰ੍ਹਾਂ 30 ਅਕਤੂਬਰ ਨੂੰ ਸਵੇਰੇ 9:30 ਵਜੇ ਤੋਂ ਪੀ. ਡਬਲਿਊ. ਡੀ. ਰੈਸਟ ਹਾਊਸ ਮੁਕੇਰੀਆਂ ਵਿਖੇ ਰਘੂ ਰੈਣਾ, ਦਾਣਾ ਮੰਡੀ ਗੜ੍ਹਸ਼ੰਕਰ ਵਿਖੇ ਗਗਨਦੀਪ ਸਿੰਘ ਤੇ ਅਮਰਜੀਤ, ਘੰਟਾ ਘਰ ਹੁਸ਼ਿਆਰਪੁਰ ਵਿਖੇ ਜਸਜੀਤ ਕੌਰ ਤੇ ਟਾਂਡਾ ਵਿਖੇ ਰਮਨਦੀਪ ਸਿੰਘ ਵਲੋਂ ਕੈਂਪ ਲਗਾਏ ਜਾਣਗੇ।

## ਲਿਖਾਰੀ ਸਭਾ ਜਗਤਪੁਰ ਵਲੋਂ ਸਾਹਿਤਕ ਸਮਾਗਮ 2 ਨੂੰ

ਮੁਕੰਦਪੁਰ, 28 ਅਕਤੂਬਰ (ਅਮਰੀਕ ਸਿੰਘ ਢੀਂਡਸਾ)-ਲਿਖਾਰੀ ਸਭਾ ਜਗਤਪੁਰ ਵਲੋਂ 2 ਨਵੰਬਰ ਨੂੰ ਪਿੰਡ ਤਲਵੰਡੀ ਫੱਤੂ ਦੇ ਮਾਨ ਸਿੰਘ ਭੱਚੂ ਕਮਿਊਨਿਟੀ ਹਾਲ ਵਿਚ ਇਕ ਸਾਹਿਤਕ ਸਮਾਗਮ ਕਰਵਾਇਆ ਜਾ ਰਿਹਾ, ਜਿਸ ਵਿਚ ਇਕਬਾਲ ਸਿੰਘ ਜਗਤਪੁਰ ਦੀ ਪੁਸਤਕ 'ਤ੍ਰਾਹ ਤ੍ਰਾਹ ਜਾਨ-ਜਲੰਧਰ ਬਾਈਪਾਸ-2' ਬਾਰੇ ਵਿਚਾਰ ਚਰਚਾ ਹੋਵੇਗੀ ਤੇ ਨਾਲ ਹੀ ਕਵੀ ਦਰਬਾਰ ਕਰਵਾਇਆ ਜਾ ਰਿਹਾ ਹੈ। ਜਿਸ ਦੌਰਾਨ ਹਾਜ਼ਰ ਕਵੀ ਆਪਣੀਆਂ ਰਚਨਾਵਾਂ ਪੇਸ਼ ਕਰਨਗੇ।



ਪ੍ਰਕਾਸ਼ ਮਾਡਲ ਸੀਨੀਅਰ ਸੈਕੰਡਰੀ ਸਕੂਲ ਵਿਖੇ ਬੱਚਿਆਂ ਦੇ ਮਾਨਸਿਕ ਅਤੇ ਬੌਧਿਕ ਵਿਕਾਸ ਲਈ ਕਰਵਾਏ ਕੁਇਜ਼ ਮੁਕਾਬਲੇ 'ਚ ਭਾਗ ਲੈਂਦੇ ਵਿਦਿਆਰਥੀ। ਤਸਵੀਰ : ਹਰਮਿੰਦਰ ਸਿੰਘ ਪਿੰਟੂ

## ਪ੍ਰਕਾਸ਼ ਮਾਡਲ ਸਕੂਲ ਵਿਖੇ ਬੱਚਿਆਂ ਦੇ ਮਾਨਸਿਕ ਤੇ ਬੌਧਿਕ ਵਿਕਾਸ ਲਈ ਕੁਇਜ਼ ਮੁਕਾਬਲੇ ਕਰਵਾਏ

ਨਵਾਂਸ਼ਹਿਰ, 28 ਅਕਤੂਬਰ (ਹਰਮਿੰਦਰ ਸਿੰਘ ਪਿੰਟੂ)-ਪ੍ਰਕਾਸ਼ ਮਾਡਲ ਸੀਨੀਅਰ ਸੈਕੰਡਰੀ ਸਕੂਲ ਰਾਹੋਂ ਰੋਡ ਨਵਾਂਸ਼ਹਿਰ ਵਿਖੇ ਬੱਚਿਆਂ ਦੇ ਮਾਨਸਿਕ ਤੇ ਬੌਧਿਕ ਵਿਕਾਸ ਲਈ ਕੁਇਜ਼ ਮੁਕਾਬਲੇ ਕਰਵਾਏ ਗਏ, ਜਿਸ ਦਾ ਸੰਚਾਲਨ ਪੱਲਵੀ ਤੇ ਰਾਜਵਿੰਦਰ ਕੌਰ ਦੁਆਰਾ ਕੀਤਾ। ਬੱਚਿਆਂ ਕੋਲੋ ਆਮ ਗਿਆਨ ਤੇ ਮੌਜੂਦਾ ਘਟਨਾਵਾਂ (ਕਰੰਟ ਈਵੈਂਟ) ਉੱਪਰ ਕਈ ਤਰ੍ਹਾਂ ਦੇ ਵੱਖ-ਵੱਖ ਪ੍ਰਸ਼ਨ ਪੁੱਛੇ ਗਏ, ਬੱਚਿਆਂ ਨੇ ਇਨ੍ਹਾਂ ਮੁਕਾਬਲਿਆਂ 'ਚ ਬਹੁਤ ਰੁਚੀ ਦਿਖਾਈ ਤੇ ਵੱਧ ਚੜ੍ਹ ਕੇ ਹਿੱਸਾ ਲਿਆ। ਦੋਨੋ ਜਮਾਤਾਂ ਦੇ ਵਿਦਿਆਰਥੀਆਂ ਦੇ ਅਧਿਆਪਕ ਗੁਰਪ੍ਰੀਤ ਕੌਰ ਅਤੇ ਸਰਬਜੀਤ ਕੌਰ ਨੇ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਸਹੀ ਪ੍ਰਸ਼ਨ ਦੇਣ ਲਈ ਉਤਸ਼ਾਹਿਤ ਕੀਤਾ। ਮੁਕਾਬਲਿਆਂ 'ਚ ਛੇਵੀਂ ਜਮਾਤ ਸ਼ੈਕਸ਼ਨ 'ਬੀ' ਦੀ ਟੀਮ ਜੇਤੂ ਰਹੀ। ਛੇਵੀ (ਬੀ) ਦੇ ਜੇਤੂ ਬੱਚਿਆਂ 'ਚ ਮਨਵੀਰ, ਰਵਿੰਦਰ ਸਿੰਘ, ਭਵਨੀਤ ਸਿੰਘ, ਹਰਮਨ ਸਿੰਘ, ਯਸ਼ਪ੍ਰੀਤ ਸਿੰਘ ਸ਼ਾਮਲ ਸਨ। ਪ੍ਰਿੰਸੀਪਲ ਤੇਜਿੰਦਰ ਕੌਰ ਅਤੇ ਡਾਇਰੈਕਟਰ ਕੈਂਡੀ ਸੁਖਰਾਜ ਨੇ ਜੇਤੂ ਬੱਚਿਆਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਇਸ ਤਰ੍ਹਾਂ ਦੇ ਮੁਕਾਬਲੇ ਬੱਚਿਆਂ ਦੇ ਅੰਦਰ ਛਿਪੀ ਪ੍ਰਤਿਭਾ ਨੂੰ ਨਿਖਾਰਨ ਲਈ ਜ਼ਰੂਰੀ ਹਨ ਤੇ ਆਤਮ ਵਿਸ਼ਵਾਸ਼ 'ਚ ਵਾਧਾ ਹੁੰਦਾ ਹੈ।



ਸਰਕਾਰੀ ਪ੍ਰਾਇਮਰੀ ਸਕੂਲ ਕੌਲਗੜ੍ਹ ਵਿਖੇ ਜੇਤੂ ਵਿਦਿਆਰਥੀਆਂ ਦਾ ਸਨਮਾਨ ਕਰਦੇ ਹੋਏ ਬਲਾਕ ਨੋਡਲ ਅਫ਼ਸਰ ਗੁਰਪ੍ਰੀਤ ਸੈਂਪਲਾ ਨਾਲ ਹੋਰ ਅਧਿਆਪਕ। ਤਸਵੀਰ : ਚਾਹਲ

## ਸਰਕਾਰੀ ਹਾਈ ਸਕੂਲ ਕੌਲਗੜ੍ਹ ਵਿਖੇ ਬਲਾਕ ਪੱਧਰੀ ਸਾਇੰਸ ਡਰਾਮਾ ਕਰਵਾਇਆ

ਮਜਾਰੀ-ਸਾਹਿਬਾ, 28 ਅਕਤੂਬਰ (ਨਿਰਮਲਜੀਤ ਸਿੰਘ ਚਾਹਲ)-ਸਰਕਾਰੀ ਹਾਈ ਸਕੂਲ ਕੌਲਗੜ੍ਹ ਵਿਖੇ ਬਲਾਕ ਪੱਧਰੀ ਸਾਇੰਸ ਡਰਾਮਾ ਕਰਵਾਇਆ, ਜਿਸ 'ਚ ਬਲਾਕ ਸੜੋਆ ਦੇ ਸਕੂਲਾਂ ਦੀਆਂ 8 ਟੀਮਾਂ ਨੇ ਹਿੱਸਾ ਲਿਆ। ਮੁਕਾਬਲੇ ਵਿਚ ਹਾਈ ਸਕੂਲ ਕੌਲਗੜ੍ਹ ਨੇ ਪਹਿਲਾ ਸਥਾਨ, ਸੜੋਆ ਨੇ ਦੂਜਾ, ਸਾਹਿਬਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਬਲਾਕ ਨੋਡਲ ਅਫ਼ਸਰ ਗੁਰਪ੍ਰੀਤ ਸੈਂਪਲਾ ਨੇ ਬੱਚਿਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਰਵਿੰਦਰ ਕੁਮਾਰ ਸਕੂਲ ਇੰਚਾਰਜ, ਸੁਖਜੀਤ ਸਿੰਘ, ਸੰਜੀਵ ਕੁਮਾਰ, ਬਲਦੇਵ ਰਾਜ, ਪਵਨ ਕੁਮਾਰ, ਸਤਵਿੰਦਰ ਸਿੰਘ ਸੈਂਭੀ, ਰਾਜੂ ਸੈਣੀ, ਮੈਡਮ ਤੰਨੂੰ, ਜਸਵੀਰ ਕੌਰ, ਦਲਜੀਤ ਕੌਰ, ਪਰਮਜੀਤ ਕੌਰ, ਮਨਜੀਤ ਕੌਰ, ਅੰਕੁਰ, ਈਸ਼ਾ ਘਈ, ਨਰੰਜਣਜੋਤ ਆਦਿ ਹਾਜ਼ਰ ਸਨ।



ਮਹਿੰਦਰਾ ਹਸਪਤਾਲ ਬੰਗਾ ਵਿਖੇ ਖੂਨਦਾਨ ਕੈਂਪ ਸੰਬੰਧੀ ਜਾਣਕਾਰੀ ਦਿੰਦੇ ਹੋਏ ਡਾ. ਉਂਕਾਰ ਸਿੰਘ ਨਾਲ ਹੋਰ। ਤਸਵੀਰ : ਧਰਮਵੀਰ ਪਾਲ

## ਮਹਿੰਦਰਾ ਹਸਪਤਾਲ ਬੰਗਾ ਵਿਖੇ ਖ਼ੂਨਦਾਨ ਕੈਂਪ 2 ਨੂੰ

ਬੰਗਾ, 28 ਅਕਤੂਬਰ (ਧਰਮਵੀਰ ਪਾਲ)-ਲਾਇਨਜ਼ ਕਲੱਬ ਇੰਟਰਨੈਸ਼ਨਲ ਰੀਜਨ ਬੰਗਾ ਤੇ ਲਾਇਨਜ਼ ਕਲੱਬ ਬੰਗਾ ਮਹਿਕ ਵਲੋਂ ਸਵ. ਗੁਰਚਰਨ ਸਿੰਘ ਸਾਬਕਾ ਸਰਪੰਚ ਦੀ ਪਹਿਲੀ ਬਰਸੀ ਦੇ ਸੰਬੰਧ 'ਚ ਮਹਾਂ ਖੂਨਦਾਨ ਕੈਂਪ 2 ਨਵੰਬਰ ਨੂੰ ਮਹਿੰਦਰਾ ਹਸਪਤਾਲ ਬੰਗਾ ਵਿਖੇ ਲਗਾਇਆ ਜਾ ਰਿਹਾ ਹੈ। ਇਸ ਮੌਕੇ ਡਾ. ਉਂਕਾਰ ਸਿੰਘ ਮਹਿੰਦਰਾ ਹਸਪਤਾਲ ਬੰਗਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੈਂਪ 'ਚ ਜ਼ਿਲ੍ਹਾ ਗਵਰਨਰ ਲਾਇਨ ਵੀ. ਐਮ. ਗੋਇਲ ਤੇ ਜ਼ਿਲ੍ਹਾ ਕੋਆਰਡੀਨੇਟਰ ਲਾਇਨ ਰਾਜੀਵ ਵਿੱਗ ਮੁੱਖ ਮਹਿਮਾਨ ਦੇ ਰੂਪ 'ਚ ਇਸ ਕੈਂਪ 'ਚ ਸ਼ਾਮਿਲ ਹੋਣਗੇ ਤੇ ਰੀਜਨ ਚੇਅਰਮੈਨ ਕੁਲਦੀਪ ਭੂਸ਼ਨ ਤੇ ਜ਼ੋਨ ਚੇਅਰਮੈਨ ਲਾਇਨ ਧਰਮਿੰਦਰ ਸਿੰਘ ਵਿਸ਼ੇਸ਼ ਮਹਿਮਾਨ ਦੇ ਰੂਪ 'ਚ ਸ਼ਾਮਲ ਹੋਣਗੇ। ਕੈਂਪ ਦੌਰਾਨ ਖੂਨਦਾਨੀਆਂ ਨੂੰ ਜ਼ਿਲ੍ਹਾ ਗਵਰਨਰ ਲਾਇਨ ਵੀ. ਐਮ. ਗੋਇਲ ਵਲੋਂ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਲਾਇਨ ਅਸ਼ੋਕ ਸ਼ਰਮਾ, ਗੀਟਾ ਬਾਲਾ, ਜਸਵਿੰਦਰ ਜੱਸੀ, ਮਨਪ੍ਰੀਤ ਕੌਰ, ਮਨਜੀਤ ਕੌਰ ਮੀਨੂੰ ਆਦਿ ਹਾਜ਼ਰ ਸਨ।

## ਸਰੂਪ ਸਿੰਘ ਪਠਾਨੀਆ ਨਮਿਤ ਪਾਠ ਦੇ ਭੋਗ ਪਾਏ ਗਏ

ਤਲਵਾੜਾ, 28 ਅਕਤੂਬਰ (ਮਹਿਤਾ) -ਸੇਵਾ ਮੁਕਤ ਸੁਪਰਡੈਂਟ ਨਹਿਰੀ ਵਿਭਾਗ ਤਲਵਾੜਾ ਸਰੂਪ ਸਿੰਘ ਪਠਾਨੀਆ (85) ਦਾ ਪਿਛਲੇ ਦਿਨੀਂ ਅਚਾਨਕ ਦਿਹਾਂਤ ਹੋ ਗਿਆ ਸੀ। ਉਨ੍ਹਾਂ ਦੇ ਨਮਿਤ ਰੱਖੇ ਗਏ ਸ੍ਰੀ ਪਾਠ ਦੇ ਭੋਗ, ਰਸਮ ਪਗੜੀ ਤੇ ਸ਼ਰਧਾਂਜਲੀ ਸਮਾਗਮ ਉਨ੍ਹਾਂ ਦੇ ਨਿਵਾਸੀ ਸਥਾਨ ਪਿੰਡ ਨਮੋਲੀ ਹਾਰ ਵਿਖੇ ਹੋਏ। ਇਸ ਮੌਕੇ ਵਿਜੈ ਕੁਮਾਰ ਪਠਾਨੀਆ (ਕੈਨੇਡਾ) ਸਪੁੱਤਰ ਹਰੀਸ਼ ਪਠਾਨੀਆ, ਸੋਮ ਰਾਜ ਡਡਵਾਲ, ਰਜਨੀਸ਼ ਪਠਾਨੀਆ, ਸਚਿਨ ਪਠਾਨੀਆ, ਵਿਕਰਾਂਤ ਪਠਾਨੀਆ ਵਿਕੀ (ਇਟਲੀ), ਮਿੱਟੂ ਸ਼ਰਮਾ ਇਟਲੀ, ਦਿਲਬਾਗ ਸਿੰਘ, ਜਨਕਾਰ ਸਿੰਘ, ਲਖਵਿੰਦਰ ਸਿੰਘ ਟਿੰਮੀ, ਸੂਬੇਦਾਰ ਕੁਲਦੀਪ ਸਿੰਘ, ਦਲੇਰ ਸਿੰਘ ਪਠਾਨੀਆ, ਕਿਸ਼ੋਰੀ ਲਾਲ ਸ਼ਰਮਾ, ਇੰਜ. ਮਨੀ ਠਾਕੁਰ, ਚੰਦਨ ਪਠਾਨੀਆ, ਪੱਪੀ ਪਠਾਨੀਆ ਆਦਿ ਤੋਂ ਇਲਾਵਾ ਸਮੂਹ ਆੜ੍ਹਤੀ ਸਾਹਿਬਾਨ, ਰਾਜਨੀਤਕ, ਸਮਾਜਿਕ, ਧਾਰਮਿਕ ਵਿੱਦਿਅਕ ਸੰਸਥਾਵਾਂ ਦੇ ਆਗੂ ਹਾਜ਼ਰ ਸਨ।

